ਭੈਰਉ ਮਹਲਾ ੫ ॥ ਸਭ ਤੇ ਊਚਾ ਜਾ ਕਾ ਨਾਉ ॥ ਸਦਾ ਸਦਾ ਤਾ ਕੇ ਗੁਣ ਗਾਉ ॥ ਜਿਸੁ ਸਿਮਰਤ ਸਗਲਾ ਦੁਖੁ ਜਾਇ ॥ ਸਰਬ ਸੂਖ ਵਸਹਿ ਮਨਿ ਆਇ ॥੧॥ ਸਿਮਰਿ ਮਨਾ ਤੂ ਸਾਚਾ ਸੋਇ ॥ ਹਲਤਿ ਪਲਤਿ ਤੁਮਰੀ ਗਤਿ ਹੋਇ ॥ ੧॥ ਰਹਾਉ ॥ ਪੁਰਖ ਨਿਰੰਜਨ ਸਿਰਜਨਹਾਰ ॥ ਜੀਅ ਜੰਤ ਦੇਵੈ ਆਹਾਰ ॥ ਕੋਟਿ ਖਤੇ ਖਿਨ ਬਖਸਨਹਾਰ ॥ ਭਗਤਿ ਭਾਇ ਸਦਾ ਨਿਸਤਾਰ ॥੨॥ ਸਾਚਾ ਧਨੁ ਸਾਚੀ ਵਡਿਆਈ ॥ ਗੁਰ ਪੂਰੇ ਤੇ ਨਿਹਚਲ ਮਤਿ ਪਾਈ ॥ ਕਰਿ ਕਿਰਪਾ ਜਿਸੁ ਰਾਖਨਹਾਰਾ ॥ ਤਾ ਕਾ ਸਗਲ ਮਿਟੈ ਅੰਧਿਆਰਾ ॥੩॥ ਪਾਰਬ੍ਰਹਮ ਸਿਉ ਲਾਗੋ ਧਿਆਨ ॥ ਪੂਰਨ ਪੂਰਿ ਰਹਿਓ ਨਿਰਬਾਨ ॥ ਭ੍ਰਮ ਭਉ ਮੇਟਿ ਮਿਲੇ ਗੋਪਾਲ ॥ ਨਾਨਕ ਕਉ ਗੁਰ ਭਏ ਦਇਆਲ ॥੪॥੩੦॥੪੩॥ {ਪੰਨਾ 1148}

ਪਦਅਰਥ:- ਤੇ—ਤੋਂ। ਜਾ ਕਾ—ਜਿਸ (ਪਰਮਾਤਮਾ) ਦਾ। ਨਾਉ—ਨਾਮਣਾ, ਵਡਿਆਈ। ਤਾ ਕੇ—ਉਸ (ਪ੍ਰਭੂ) ਦੇ। ਗਾਉ—ਗਾਇਆ ਕਰ। ਸਿਮਰਤ—ਸਿਮਰਦਿਆਂ। ਸਗਲਾ—ਸਾਰਾ। ਸਰਬ ਸੂਖ—ਸਾਰੇ ਸੁਖ {ਬਹੁ-ਵਚਨ}। ਵਸਹਿ—ਆ ਵੱਸਦੇ ਹਨ {ਬਹੁ-ਵਚਨ}। ਮਨਿ—ਮਨ ਵਿਚ। ਆਇ—ਆ ਕੇ।1।

ਮਨਾ—ਹੇ ਮਨ! ਸਾਚਾ—ਸਦਾ ਕਾਇਮ ਰਹਿਣ ਵਾਲਾ। ਸੋਇ—ਉਹ (ਪ੍ਰਭੂ) ਹੀ। ਹਲਤਿ—{A>} ਇਸ ਲੋਕ ਵਿਚ। ਪਲਤਿ—{pr>} ਪਰਲੋਕ ਵਿਚ। ਗਤਿ—ਉੱਚੀ ਆਤਮਕ ਅਵਸਥਾ।1। ਰਹਾਉ।

ਪੁਰਖ—ਸਰਬ-ਵਿਆਪਕ। ਨਿਰੰਜਨ—{ਨਿਰ-ਅੰਜਨ} (ਮਾਇਆ ਦੇ ਮੋਹ ਦੀ) ਕਾਲਖ ਤੋਂ ਰਹਿਤ। ਆਹਾਰ—ਖ਼ੁਰਾਕ। ਕੋਟਿ—ਕ੍ਰੋੜਾਂ। ਖਤੇ—ਪਾਪ {ਬਹੁ-ਵਚਨ}। ਭਾਇ—ਪਿਆਰ ਵਿਚ। {ਭਾਉ—ਪਿਆਰ}। ਨਿਸਤਾਰ—ਪਾਰ ਲੰਘਾਣ ਵਾਲਾ।2।

ਸਾਚੀ—ਸਦਾ ਕਾਇਮ ਰਹਿਣ ਵਾਲੀ। ਵਡਿਆਈ—ਇੱਜ਼ਤ। ਤੇ—ਤੋਂ। ਨਿਹਚਲ—(ਵਿਕਾਰਾਂ ਵਲ) ਨਾਹ ਡੋਲਣ ਵਾਲੀ। ਪਾਈ—ਪ੍ਰਾਪਤ ਕਰ ਲਈ। ਕਰਿ—ਕਰ ਕੇ। ਤਾ ਕਾ—ਉਸ (ਮਨੁੱਖ) ਦਾ। ਅੰਧਿਆਰਾ—(ਮਾਇਆ ਦੇ ਮੋਹ ਵਾਲਾ) ਹਨੇਰਾ।3।

ਸਿਉ—ਨਾਲ। ਨਿਰਬਾਨ—ਵਾਸਨਾ-ਰਹਿਤ। ਭ੍ਰਮ—ਭਟਕਣਾ। ਮੇਟਿ—ਮਿਟਾ ਕੇ, ਦੂਰ ਕਰ ਕੇ। ਨਾਨਕ ਕਉ—ਹੇ ਨਾਨਕ! ਜਿਸ ਨੂੰ। ਦਇਆਲ—ਦਇਆਵਾਨ।4।

ਅਰਥ:- ਹੇ (ਮੇਰੇ) ਮਨ! ਤੂੰ ਉਸ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਹੀ ਸਿਮਰਿਆ ਕਰ (ਸਿਮਰਨ ਦੀ ਬਰਕਤਿ ਨਾਲ) ਇਸ ਲੋਕ ਅਤੇ ਪਰਲੋਕ ਵਿਚ ਤੇਰੀ ਉੱਚੀ ਆਤਮਕ ਅਵਸਥਾ ਬਣੀ ਰਹੇਗੀ।1। ਰਹਾਉ।

ਹੇ ਭਾਈ! ਜਿਸ ਪਰਮਾਤਮਾ ਦਾ ਨਾਮਣਾ ਸਭ ਨਾਲੋਂ ਉੱਚਾ ਹੈ, ਜਿਸ ਦਾ ਸਿਮਰਨ ਕਰਦਿਆਂ ਸਾਰਾ ਦੁੱਖ ਦੂਰ ਹੋ ਜਾਂਦਾ ਹੈ ਅਤੇ ਸਾਰੇ ਆਨੰਦ ਮਨ ਵਿਚ ਆ ਵੱਸਦੇ ਹਨ, ਤੂੰ ਸਦਾ ਹੀ ਉਸ ਦੇ ਗੁਣ ਗਾਇਆ ਕਰ।1।

ਹੇ ਮਨ! (ਤੂੰ ਉਸ ਸਦਾ-ਥਿਰ ਪ੍ਰਭੂ ਦਾ ਸਿਮਰਨ ਕਰਿਆ ਕਰ) ਜੋ ਸਰਬ-ਵਿਆਪਕ ਹੈ, ਜੋ ਮਾਇਆ ਦੇ ਮੋਹ ਦੀ ਕਾਲਖ ਤੋਂ ਰਹਿਤ ਹੈ, ਜੋ ਸਭ ਨੂੰ ਪੈਦਾ ਕਰਨ ਵਾਲਾ ਹੈ, ਜੋ ਸਭ ਜੀਵਾਂ ਨੂੰ ਖਾਣ ਲਈ ਖ਼ੁਰਾਕ ਦੇਂਦਾ ਹੈ, ਜੋ (ਜੀਵਾਂ ਦੇ) ਕ੍ਰੋੜਾਂ ਪਾਪ ਇਕ ਖਿਨ ਵਿਚ ਬਖ਼ਸ਼ ਸਕਣ ਵਾਲਾ ਹੈ, ਜੋ ਉਹਨਾਂ ਜੀਵਾਂ ਨੂੰ ਸਦਾ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ ਜਿਹੜੇ ਪ੍ਰੇਮ ਵਿਚ ਟਿਕ ਕੇ ਉਸ ਦੀ ਭਗਤੀ ਕਰਦੇ ਹਨ।2।

ਹੇ ਭਾਈ! ਜਿਸ ਮਨੁੱਖ ਨੇ ਪੂਰੇ ਗੁਰੂ ਪਾਸੋਂ ਵਿਕਾਰਾਂ ਵਲੋਂ ਅਡੋਲ ਰਹਿਣ ਵਾਲੀ ਸਿਮਰਨ ਦੀ ਮਤਿ ਪ੍ਰਾਪਤ ਕਰ ਲਈ, ਉਸ ਨੂੰ ਸਦਾ ਕਾਇਮ ਰਹਿਣ ਵਾਲਾ ਨਾਮ-ਧਨ ਲੱਭ ਪਿਆ, ਉਸ ਨੂੰ ਸਦਾ-ਥਿਰ ਰਹਿਣ ਵਾਲੀ (ਲੋਕ ਪਰਲੋਕ ਦੀ) ਸੋਭਾ ਮਿਲ ਗਈ। ਹੇ ਭਾਈ! ਰੱਖਿਆ ਕਰਨ ਵਾਲਾ ਪ੍ਰਭੂ ਜਿਸ ਮਨੁੱਖ ਨੂੰ ਮਿਹਰ ਕਰ ਕੇ (ਸਿਮਰਨ ਦੀ ਦਾਤਿ ਦੇਂਦਾ ਹੈ) ਉਸ ਦੇ ਅੰਦਰੋਂ ਮਾਇਆ ਦੇ ਮੋਹ ਦਾ ਸਾਰਾ ਹਨੇਰਾ ਦੂਰ ਹੋ ਜਾਂਦਾ ਹੈ।3।

ਹੇ ਨਾਨਕ! ਜਿਸ ਮਨੁੱਖ ਉਤੇ ਸਤਿਗੁਰੂ ਜੀ ਦਇਆਵਾਨ ਹੁੰਦੇ ਹਨ, ਉਸ ਦੀ ਸੁਰਤਿ ਪਰਮਾਤਮਾ ਦੇ ਚਰਨਾਂ ਵਿਚ ਜੁੜੀ ਰਹਿੰਦੀ ਹੈ, ਉਸ ਨੂੰ ਵਾਸਨਾ-ਰਹਿਤ ਪ੍ਰਭੂ ਸਭ ਥਾਈਂ ਵਿਆਪਕ ਦਿੱਸਦਾ ਹੈ, ਉਹ ਮਨੁੱਖ (ਆਪਣੇ ਅੰਦਰੋਂ) ਹਰੇਕ ਕਿਸਮ ਦੀ ਭਟਕਣਾ ਅਤੇ ਡਰ ਮਿਟਾ ਕੇ ਸ੍ਰਿਸ਼ਟੀ ਦੇ ਪਾਲਕ-ਪ੍ਰਭੂ ਨੂੰ ਮਿਲ ਪੈਂਦਾ ਹੈ।4। 30। 43।